# Factsheet CAT05
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ
# 5: ਬੱਚਿਆਂ ਦੀ ਰਿਹਾਇਸ਼ ਜਾਂ ਦੇਖਭਾਲ ਲਈ ਪ੍ਰਬੰਧ

Punjabi | ਪੰਜਾਬੀ



ਬੱਚਿਆਂ ਦੀ ਰਿਹਾਇਸ਼ ਜਾਂ ਦੇਖਭਾਲ ਲਈ ਪ੍ਰਬੰਧ, ਭਾਵੇਂ ਰਿਹਾਇਸ਼ੀ ਸਹੂਲਤ ਵਿੱਚ ਹੋਵੇ ਜਾਂ ਨਿੱਜੀ ਰਿਹਾਇਸ਼ ਵਿੱਚ, ਪਰ ਇਸ ਵਿੱਚ ਸੰਬੰਧਿਤ ਬੱਚੇ ਦੇ **ਮਾਪਿਆਂ (parent)** ਦੁਆਰਾ ਕੀਤੇ ਗਏ **ਗ਼ੈਰ-ਰਸਮੀ ਪ੍ਰਬੰਧ (informal arrangement)** ਜਾਂ **ਬੱਚੇ (child)** ਦੇ ਕਿਸੇ **ਰਿਸ਼ਤੇਦਾਰ (relative)** ਦੁਆਰਾ ਪ੍ਰਦਾਨ ਕੀਤੀ ਗਈ ਰਿਹਾਇਸ਼/ਦੇਖਭਾਲ ਸ਼ਾਮਲ ਨਹੀਂ ਹੈ।

ਰਾਤ ਦੇ ਸਮਾਗਮ ਜੋ ਸਥਾਈ ਸਹੂਲਤ ਵਿੱਚ ਰੱਖੇ ਜਾਂਦੇ ਹਨ, ਜਿਵੇਂ ਕਿ ਸਕੂਲ ਬੋਰਡਿੰਗ ਹਾਊਸ ਜਾਂ ਹੋਸਟਲ ਉਹ ਇਸ ਸ਼੍ਰੇਣੀ ਵਿੱਚ ਆ ਸਕਦੇ ਹਨ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ ਬੱਚੇ ਨਾਲ ਸੰਪਰਕ ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ **ਸ਼ਾਮਲ (involve)** ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਉਹ ਲੋਕ ਜਿੰਨ੍ਹਾਂ ਦੀਆਂ ਆਮ ਡਿਊਟੀਆਂ ਵਿੱਚ ਸਕੂਲ ਬੋਰਡਿੰਗ ਸਹੂਲਤਾਂ, ਰਿਹਾਇਸ਼ੀ ਕਾਲਜ ਅਤੇ ਖੇਤਰੀ ਇਲਾਕੇ ਦੇ ਸਕੂਲ ਹੋਸਟਲਾਂ ਵਿੱਚ ਬੱਚਿਆਂ ਨਾਲ ਸੰਪਰਕ ਕਰਨਾ ਸ਼ਾਮਲ ਹੁੰਦਾ ਹੈ
- ਸ਼ਰਨਾਰਥੀ ਕਰਮਚਾਰੀ ਅਤੇ ਹੋਰ ਲੋਕ ਜਿੰਨ੍ਹਾਂ ਦੀਆਂ ਆਮ ਡਿਊਟੀਆਂ ਵਿੱਚ ਸੰਕਟ ਜਾਂ ਐਮਰਜੈਂਸੀ ਰਿਹਾਇਸ਼ ਪ੍ਰਦਾਨ ਕਰਨ ਸਮੇਂ ਯੁਵਾ ਸ਼ਰਨ ਸਥਾਨਾਂ ਵਿੱਚ ਬੱਚਿਆਂ ਨਾਲ ਸੰਪਰਕ ਕਰਨਾ ਸ਼ਾਮਲ ਹੁੰਦਾ ਹੈ
- 'ਘਰ ਤੋਂ ਬਾਹਰ' ਰਾਹਤ ਦਿਨ ਜਾਂ ਰਿਹਾਇਸ਼ੀ ਦੇਖਭਾਲ ਸੇਵਾਵਾਂ ਜਾਂ ਬੱਚਿਆਂ ਲਈ 'ਘਰ ਵਿੱਚ' ਰਾਹਤ ਦੇਖਭਾਲ ਸੇਵਾਵਾਂ ਪ੍ਰਦਾਨ ਕਰਨ ਵਾਲੇ ਲੋਕ

- ਉਹ ਲੋਕ ਜੋ ਬੱਚਿਆਂ ਲਈ 'ਹੋਮ ਸਟੇਅ' ਜਾਂ ਕਿਸੇ ਦੇ ਘਰ ਠਹਿਰਣ ਵਾਲੀ (ਬਿਲਟਿੰਗ) ਰਿਹਾਇਸ਼ ਪ੍ਰਦਾਨ ਕਰਦੇ ਹਨ, ਜਿਸ ਵਿੱਚ ਘਰ ਦੇ ਬਾਲਗ਼ ਮੈਂਬਰ ਵੀ ਸ਼ਾਮਲ ਹੁੰਦੇ ਹਨ ਜਿੰਨ੍ਹਾਂ ਦੀ ਬਾਲ ਬਿਲਟਿੰਗ ਵਿੱਚ ਭੂਮਿਕਾ ਹੈ, ਉਦਾਹਰਨ ਲਈ ਬੱਚੇ ਨੂੰ ਗਤੀਵਿਧੀਆਂ ਵਿੱਚ ਗੱਡੀ ਵਿੱਚ ਲਿਜਾਣਾ
- ਹਾਈ ਸਕੂਲ ਦੇ ਬਾਲਗ਼ ਵਿਦਿਆਰਥੀ ਜੋ ਬੋਰਡਿੰਗ ਸਕੂਲਾਂ ਜਾਂ ਹੋਰ ਰਿਹਾਇਸ਼ੀ ਸਹੂਲਤਾਂ ਵਿੱਚ ਰਸਮੀ ਪ੍ਰਬੰਧ ਅਧੀਨ ਬੱਚਿਆਂ ਲਈ ਵਿਸ਼ੇਸ਼ ਤੌਰ 'ਤੇ ਪਾਠਕ੍ਰਮ ਤੋਂ ਬਾਹਰ ਦੀਆਂ ਗਤੀਵਿਧੀਆਂ ਵਿੱਚ ਸਹਾਇਤਾ ਕਰਦੇ ਹਨ।

**ਛੋਟਾਂ**

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- 18 ਸਾਲ ਤੋਂ ਘੱਟ ਉਮਰ ਦੇ ਬਾਲ ਵਲੰਟੀਅਰ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**
- ਉਸੇ ਗਤੀਵਿਧੀ ਵਿੱਚ ਕਿਸੇ ਮਾਤਾ ਜਾਂ ਪਿਤਾ ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਹਨਾਂ ਦਾ ਬੱਚਾ ਹਿੱਸਾ ਲੈ ਰਿਹਾ ਹੈ, ਜਾਂ ਆਮ ਤੌਰ 'ਤੇ ਹਿੱਸਾ ਲੈਂਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਾਲੰਟੀਅਰ ਕਰਨ ਦੀ ਛੋਟ ਵੇਖੋ
- ਪੁਲਿਸ ਅਧਿਕਾਰੀ ਜੋ WA ਪੁਲਿਸ ਮੈਂਬਰ ਵਜੋਂ ਕੰਮ ਕਰਦੇ ਹਨ
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ
- ਕਿਸੇ ਯੂਨੀਵਰਸਿਟੀ ਜਾਂ ਹੋਰ ਤੀਜੇ ਦਰਜੇ ਦੀਆਂ ਸੰਸਥਾਵਾਂ ਨਾਲ ਜੁੜੀਆਂ, ਜਾਂ ਮੁੱਖ ਤੌਰ 'ਤੇ ਵਿਦਿਆਰਥੀਆਂ ਦੁਆਰਾ ਵਰਤੀਆਂ ਜਾਂਦੀਆਂ ਰਿਹਾਇਸ਼ੀ ਸਹੂਲਤਾਂ ਵਿੱਚ ਕੰਮ ਕਰਦੇ ਹਨ

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।